# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 05-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਸਤੂ ਤੇ ਸੇਵਾ ਟੈਕਸ (ਜੀ.ਐੱਸ.ਟੀ.) ਨੂੰ ਤਰਕਸੰਗਤ ਬਣਾਉਣ ਨੂੰ ਆਜਾਦੀ ਤੋਂ ਬਾਅਦ ਦਾ ਸੱਭ ਤੋਂ ਵੱਡਾ ਸੁਧਾਰ ਦੱਸਿਆ ਏ। ਸ੍ਰੀ ਮੋਦੀ ਨੇ ਕਿਹਾ ਏ ਕਿ ਇਸ ਕਦਮ ਨਾਲ ਕਈ ਵਸਤਾਂ ਉੱਤੇ ਟੈਕਸ ਘਟਨਾ ਕੇ ਮੱਧ ਵਰਗ ਦੀਆਂ ਜੇਬਾਂ ਵਿਚ ਪੈਸਾ ਆਉਣ ਦੀ ਉਮੀਦ ਏ। ਉਨ੍ਹਾਂ ਕਿਹਾ ਕਿ ਜੀਵਨ ਰੱਖਿਅਕ ਦਵਾਈਆਂ ਵਰਗੀਆਂ ਜ਼ਰੂਰੀ ਵਸਤਾਂ ਉੱਤੇ ਟੈਕਸ ਪੂਰੀ ਤਰਾਂ ਖ਼ਤਮ ਕਰ ਦਿੱਤੇ ਜਾਣਗੇ। ਸ੍ਰੀ ਮੋਦੀ ਨੇ ਕਿਹਾ ਕਿ ਦੋ-ਸਲੈਬ ਟੈਕਸ 22 ਸਤੰਬਰ, ਨਰਾਤਿਆਂ ਦੇ ਪਹਿਲੇ ਦਿਨ ਤੋਂ ਲਾਗੂ ਹੋ ਜਾਣਗੇ। Byte…

ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਨਰਾਤਿਆਂ ਦੇ ਪਹਿਲੇ ਦਿਨ ਤੋਂ ਲਾਭ ਮਿਲਣੇ ਸ਼ੁਰੂ ਹੋ ਜਾਣਗੇ, ਇਸ ਵਾਰ ਧਨਤੇਰਸ ਹੋਰ ਵੀ ਜੀਵੰਤ ਹੋਵੇਗੀ।

---------------------------------------------------------------

ਅੱਜ ਸਾਰੇ ਦੇਸ਼ ਵਿਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਧਿਆਪਕ ਦਿਵਸ ਦੇ ਮੌਕੇ 'ਤੇ

ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ੍ਰੀ ਮੋਦੀ ਨੇ ਕਿਹਾ ਏ ਕਿ ਵਿਦਿਆਰਥੀਆਂ ਦੇ ਮਾਨਸਿਕ ਪੋਸ਼ਣ ਲਈ ਅਧਿਆਪਕਾਂ ਦਾ ਸਮਰਪਣ ਮਜ਼ਬੂਤ ਤੇ ਉੱਜਵਲ ਭਵਿੱਖ ਦੀ ਨੀਂਹ ਏ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਵਚਨਬੱਧਤਾ ਤੇ ਹਮਦਰਦੀ ਬਹੁਤ ਮਹੱਤਵਪੂਰਨ ਨੇ। ਪ੍ਰਧਾਨ ਮੰਤਰੀ ਮੋਦੀ ਨੇ ਉੱਘੇ ਵਿਦਵਾਨ ਤੇ ਅਧਿਆਪਕ ਡਾ. ਐੱਸ. ਰਾਧਾਕ੍ਰਿਸ਼ਨਨ ਦੀ ਜਨਮ ਵਰ੍ਹੇਗੰਢ 'ਤੇ ਉਨ੍ਹਾਂ ਦੇ ਵਿਚਾਰਾਂ ਤੇ ਰਾਹ-ਦਰਸਾਵੇਂ ਜੀਵਨ ਨੂੰ ਯਾਦ ਕੀਤਾ।

ਇਸੇ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅਧਿਆਪਕ ਦਿਵਸ ਮੌਕੇ  ਸਮੁੱਚੇ ਅਧਿਆਪਕ ਵਰਗ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਨੇ। ਉਨ੍ਹਾਂ ਕਿਹਾ ਕਿ ਭਾਰਤ ਰਤਨ ਨਾਲ ਸਨਮਾਨਿਤ ਸਾਬਕਾ ਰਾਸ਼ਟਰਪਤੀ ਡਾ. ਐੱਸ. ਰਾਧਾਕ੍ਰਿਸ਼ਨਨ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨੌਜਵਾਨਾਂ ਅਤੇ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਵਾਲੇ ਸਾਰੇ ਅਧਿਆਪਕਾਂ ਦਾ ਧੰਨਵਾਦ ਕਰਨਾ ਬਣਦਾ ਏ।

--------------------------------------------------

ਜਿਵੇਂ ਕਿ ਪੰਜਾਬ ਪਿਛਲੇ ਕਈ ਦਿਨਾਂ ਤੋਂ ਆਪਣੇ ਸਾਰੇ 23 ਜ਼ਿਲ੍ਹਿਆਂ, ਖਾਸਕਰ ਸਰਹੱਦੀ ਜ਼ਿਲ੍ਹਿਆਂ ਗੁਰਦਾਸਪੁਰ, ਅੰਮ੍ਰਿਤਸਰ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਪਠਾਨਕੋਟ

ਵਿਚ ਹੜ੍ਹਾਂ ਨਾਲ ਜੂਝ ਰਿਹਾ ਏ। ਹੁਣ ਸਤਲੁਜ ਦੇ ਤੇਜ਼ ਵਹਾਅ ਅਤੇ ਘੱਗਰ, ਟਾਂਗਰੀ ਤੇ ਮਾਰਕੰਡਾ ਨਦੀਆਂ ਦੇ ਓਵਰਫਲੋਅ ਦੇ ਮੱਦੇਨਜ਼ਰ ਲੁਧਿਆਣਾ ਤੇ ਪਟਿਆਲਾ ਦੇ ਕੁਝ ਪਿੰਡਾਂ ਵਿਚ ਵੀ ਅਲਰਟ ਜਾਰੀ ਕੀਤਾ ਗਿਆ ਏ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਸਨੀਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਅਪੀਲ ਕੀਤੀ ਗਈ ਏ। ਇਸ ਦੌਰਾਨ ਭਾਖੜਾ ਬੰਨ੍ਹ ਦਾ ਪੱਧਰ, ਜੋ ਕਿ ਕੱਲ੍ਹ ਵੱਧ ਤੋਂ ਵੱਧ ਸਮਰੱਥਾ ਦੇ ਨੇੜੇ ਸੀ ਅਤੇ ਵੱਡੀ ਮਾਤਰਾ ਵਿਚ ਪਾਣੀ ਛੱਡਿਆ ਗਿਆ ਸੀ, ਹੁਣ ਸਥਿਰ ਏ। ਰੂਪਨਗਰ ਦੇ ਡਿਪਟੀ ਕਮਿਸ਼ਨਰ ਨੇ ਆਕਾਸ਼ਵਾਣੀ ਨੂੰ ਦੱਸਿਆ ਏ ਕਿ ਫਿਲਹਾਲ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ। ਹਾਲਾਂਕਿ, ਉਨ੍ਹਾਂ ਨੇ ਨੰਗਲ ਦੇ 20 ਪਿੰਡਾਂ, ਸ੍ਰੀ ਅਨੰਦਪੁਰ ਸਾਹਿਬ ਅਤੇ ਨੂਰਪੁਰ ਦੇ ਲਗਭਗ ਕੁਝ ਪਿੰਡਾਂ ਦੇ ਲੋਕਾਂ ਨੂੰ ਆਪਣੇ ਘਰ ਖਾਲੀ ਕਰ ਕੇ ਕਿਸੇ ਸੁਰਖਿੱਅਤ ਥਾਂ ਉੱਤੇ ਜਾਣ ਜਾਂ ਰਾਹਤ ਕੈਂਪਾਂ ਵਿਚ ਆਉਣ ਦੀ ਅਪੀਲ ਕੀਤੀ ਏ। ਇਸੇ ਦੌਰਾਨ ਫਿਰੋਜ਼ਪੁਰ ਦੀ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਵੀ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹੈ ਕਿ ਸਤਲੁਜ ਵਿਚ ਪਾਣੀ ਦਾ ਪੱਧਰ ਵੱਧ ਰਿਹਾ ਏ ਅਤੇ ਡੈਮਾਂ ਵੱਲੋਂ ਛੱਡੇ ਜਾ ਰਹੇ ਪਾਣੀ ਦੀ ਮਾਤਰਾ ਵਧਾਈ ਜਾ ਰਹੀ ਏ। ਭਾਵੇਂ ਸਤਲੁਜ ਦਰਿਆ ਵਿਚ ਪਾਣੀ ਦੀ ਨਿਕਾਸੀ ਵੀ ਨਾਲ ਦੀ ਨਾਲ ਹੋ ਰਹੀ ਏ ਪਰ ਬੰਨ੍ਹਾਂ ਨੂੰ ਵੀ ਢਾਅ ਲੱਗ ਰਹੀ ਏ। ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਇਹ ਐ ਕਿ

ਬੰਨ੍ਹਾਂ ਵੱਲ ਖਾਸ ਧਿਆਨ ਦਿੱਤਾ ਜਾਵੇ ਅਤੇ ਜਿੱਥੇ ਕਿਤੇ ਵੀ ਬੰਨ੍ਹ ਕਮਜ਼ੋਰ ਹੋਣ ਦੀ ਸੰਭਾਵਨਾ ਦਿਸ ਰਹੀ ਏ, ਉੱਥੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਮਿੱਟੀ ਦੇ ਗੱਟੇ ਤੇ ਹੋਰ ਸਾਧਨਾਂ ਰਾਹੀਂ ਬੰਨ੍ਹਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਏ।

--------------------------------------------------

ਫ਼ਿਰੋਜ਼ਪੁਰ ਦੇ ਸਿਵਲ ਸਰਜਨ ਡਾ. ਰਾਜਵਿੰਦਰ ਕੌਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਲਗਾਤਾਰ ਦੌਰੇ ਜਾਰੀ ਨੇ। ਉਨ੍ਹਾਂ ਨੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਮੈਡੀਕਲ ਸੇਵਾਵਾਂ ਦੀ ਸਮੀਖਿਆ ਕੀਤੀ ਏ। ਸਿਹਤ ਵਿਭਾਗ ਦੀਆ ਟੀਮਾਂ ਨੇ ਹੁਣ ਤੱਕ 576 ਮੈਡੀਕਲ ਕੈਂਪ ਲਗਾਏ ਨੇ ਅਤੇ 12 ਹਜ਼ਾਰ ਤੋਂ ਵੱਧ ਮਰੀਜਾਂ ਨੂੰ ਦਵਾਈਆਂ ਦਿਤੀਆਂ ਜਾ ਚੁੱਕੀਆਂ ਨੇ।

--------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਸ਼ਹਿਰ ਦੇ ਇਕ ਵਿਅਕਤੀ ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਗ੍ਰਿਫਤਾਰ ਕੀਤਾ ਏ। ਇਕ ਸਰਕਾਰੀ ਬੁਲਾਰੇ ਨੇ ਦਸਿੱਆ ਏ ਕਿ ਇਹ ਗ੍ਰਿਫਤਾਰੀ ਲੁਧਿਆਣਾ ਸ਼ਹਿਰ ਦੇ ਬਸੰਤ ਨਗਰ ਨਿਵਾਸੀ ਵਿਅਕਤੀ ਵੱਲੋਂ ਮੁੱਖ ਮੰਤਰੀ ਦੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ‘ਤੇ ਦਰਜ ਕਰਵਾਈ

ਗਈ ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਕੀਤੀ ਗਈ ਏ। ਦੋਸ਼ ਸਨ ਕਿ ਲੁਧਿਆਣਾ ਨਗਰ ਨਿਗਮ ਦੀ ਇਕ ਕਾਲੋਨੀ ਵਿਚ ਸਥਿਤ ਪਲਾਟ ਦੀ ਰਜਿਸਟਰੀ ਸਬੰਧੀ ਜਾਣਕਾਰੀ ਦੇਣ ਲਈ ਮੁਲਜ਼ਮ ਕਲਰਕ ਅਮਨਿੰਦਰ ਸਿੰਘ ਨੇ 50,000 ਰੁਪਏ ਰਿਸ਼ਵਤ ਵਜੋਂ ਮੰਗੇ ਸਨ। ਸ਼ਿਕਾਇਤ ਦੀ ਤਸਦੀਕ ਦੌਰਾਨ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਰਜਤ ਸ਼ਰਮਾ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਦੀ ਰਕਮ ਲੈਂਦੇ ਹੋਏ, ਰੰਗੇ ਹੱਥੀਂ ਕਾਬੂ ਕਰ ਲਿਆ। ਫੜਿਆ ਗਿਆ ਵਿਅਕਤੀ, ਮੁਲਜ਼ਮ ਕਲਰਕ ਅਮਨਿੰਦਰ ਸਿੰਘ ਲਈ ਕੰਮ ਕਰਦਾ ਸੀ।

---------------------------------------------------------

ਕੱਲ੍ਹ ਰਾਜਗੀਰ ਵਿਚ ਖੇਡੇ ਗਏ ਹਾਕੀ ਏਸ਼ੀਆ ਕੱਪ ਚੈਂਪੀਅਨਸ਼ਿਪ ਤਹਿਤ ਸੁਪਰ ਫੋਰ ਪੜਾਅ ਦੇ ਮੈਚ ਵਿਚ, ਭਾਰਤ ਨੇ ਮਲੇਸ਼ੀਆ ਨੂੰ 4-1 ਨਾਲ ਹਰਾਇਆ। ਸੁਪਰ ਫੋਰ ਪੂਲ ਪੜਾਅ ਵਿਚ ਭਾਰਤ ਦਾ ਅਗਲਾ ਮੈਚ ਭਲਕੇ ਚੀਨ ਦੇ ਖਿਲਾਫ ਹੋਵੇਗਾ।